ਨੰ SED-EDU303/18/2025-3EDU3 I/1018965/2025

**ਪੰਜਾਬ ਸਰਕਾਰ**
**ਸਿੱਖਿਆ ਵਿਭਾਗ**
**(ਸਿੱਖਿਆ-3 ਸ਼ਾਖਾ)**

ਸੇਵਾ ਵਿਖੇ

ਪ੍ਰਿੰਸੀਪਲ,

**Lord Shiva Public Senior Secondary School,**

**Village Hamirgarh, Distt Sangrur.**

**ਮਿਤੀ, ਚੰਡੀਗੜ੍ਹ**: 27.01.2025

ਵਿਸ਼ਾ:- **Lord Shiva Public Senior Secondary School ਨੂੰ ਸੀਬੀਐਸਈ ਬੋਰਡ ਨਾਲ ਐਫੀਲੀਏਸ਼ਨ ਲੈਣ ਲਈ ਬਾਰਵੀਂ ਪੱਧਰ ਤੱਕ ਦਾ ਇਤਰਾਜਹੀਣਤਾ ਸਰਟੀਫਿਕੇਟ (ਐਨ.ਓ.ਸੀ.) ਅਤੇ ਮਾਨਤਾ ਜਾਰੀ ਕਰਨ ਸਬੰਧੀ।**

******

ਉਪਰਕੋਤ ਵਿਸ਼ੇ ਤੇ ਆਪ ਵੱਲੋਂ ਪੋਰਟਲ ਤੇ ਐਪਲੀਕੇਸ਼ਨ ਨੰ. 2493C22D66 ਰਾਹੀਂ ਅਪਲਾਈ ਕੀਤੇ ਕੇਸ ਦੇ ਹਵਾਲੇ ਵਿੱਚ।

1. ਇਹ ਇਤਰਾਜਹੀਣਤਾ ਸਰਟੀਫਿਕੇਟ ਸਕੂਲ ਪ੍ਰਬੰਧਨ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜਾਂ, ਜਿਲ੍ਹਾ ਪੱਧਰੀ ਕਮੇਟੀ ਦੀ ਨਿਰੀਖਣ ਰਿਪੋਰਟ, ਜਿਲ੍ਹਾ ਸਿੱਖਿਆ ਅਫਸਰ (ਸੈ:ਸਿ) ਸੰਗਰੂਰ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਮੋਹਾਲੀ ਦੀ ਸਿਫਾਰਸ਼ਾਂ ਸਨਮੁੱਖ ਸਕੂਲ ਸਿੱਖਿਆ ਵਿਭਾਗ, ਪੰਜਾਬ ਸਰਕਾਰ ਦੀਆਂ ਹਦਾਇਤਾਂ ਮਿਤੀ 26.11.2018 ਦੇ ਪੈਰ੍ਹਾ 6 ਤਹਿਤ ਜਾਰੀ ਕੀਤਾ ਜਾਂਦਾ ਹੈ।

2. ਸਕੂਲ ਪ੍ਰਬੰਧਨ ਹੇਠ ਲਿਖਿਆਂ ਸ਼ਰਤਾਂ ਦੀ ਪਾਲਣਾ ਕਰਨ ਲਈ ਪਾਬੰਦ ਹੋਵੇਗਾ:-

ੳ) ਸਕੂਲ ਸਿੱਖਿਆ ਵਿਭਾਗ, ਪੰਜਾਬ ਸਰਕਾਰ ਵੱਲੋਂ ਜਾਰੀ ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ 2009, ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ 2011, ਪੰਜਾਬ ਰੈਗੂਲੇਸ਼ਨ ਆਫ ਫੀ ਆਫ ਅਨਏਡਿਡ ਐਜੂਕੇਸ਼ਨਲ ਇੰਨਸਟੀਟਿਊਸ਼ਨਜ਼ ਐਕਟ 2016 ਅਤੇ ਵਿਭਾਗ ਵਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਸਬੰਧਤ ਹਦਾਇਤਾਂ ਦੀ ਇੰਨ-ਬਿਨ ਪਾਲਣਾ।

ਅ) ਸਕੂਲ ਵਿੱਚ ਪੰਜਾਬੀ ਵਿਸ਼ਾ ਲਾਜ਼ਮੀ ਤੌਰ ਤੇ ਪੜ੍ਹਾਉਣਾ।

ੲ) ਸਕੂਲ ਬਿਲਡਿੰਗ ਸੇਫਟੀ ਸਰਟੀਫਿਕੇਟ, ਫਾਇਰ ਸੇਫਟੀ ਸਰਟੀਫਿਕੇਟ, ਪੀਣਯੋਗ ਪਾਣੀ ਦਾ ਸਰਟੀਫਿਕੇਟ ਅਤੇ ਹੋਰ ਲੋੜੀਂਦੇ ਇਤਰਾਜਹੀਣਤਾ ਸਰਟੀਫਿਕੇਟ ਸਮੇਂ ਸਿਰ ਰਿਨਿਊ ਕਰਵਾਉਣਾ।

ਸ) ਸਕੂਲ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਦੀ ਬੇਸਿਕ ਪੇਅ +ਗ੍ਰੇਡ ਪੇਅ ਦੇ ਆਧਾਰ ਤੇ ਤਨਖਾਹ ਅਤੇ ਹੋਰ ਭੱਤੇ ਆਦਿ ਅਕਾਊਂਟ ਪੇਈ ਚੈਕਾਂ/ਆਨ-ਲਾਈਨ ਟਰਾਂਸਫਰ ਕਰਨਾ।

ਹ) ਸਿੱਖਿਆ ਵਿਭਾਗ ਦੇ ਅਧਿਕਾਰੀਆਂ ਦਾ ਸਕੂਲ ਦੇ ਨਿਰੀਖਣ ਦੌਰਾਨ ਸਹਿਯੋਗ ਕਰਨਾ। ਸਹਿਯੋਗ ਨਾ ਕਰਨ ਦੀ ਸੂਰਤ ਵਿੱਚ ਸਕੂਲ ਵਿਭਾਗ ਵਲੋਂ ਜਾਰੀ ਕੀਤੀਆਂ ਹਦਾਇਤਾਂ ਮਿਤੀ 26.11.2018 ਦੇ ਪੈਰ੍ਹਾ ਨੰ. 8 ਵਿੱਚ ਕੀਤੇ ਦੰਡ ਉਪਬੰਧਾਂ ਦਾ ਪਾਤਰ ਹੋਵੇਗਾ।

ਕ) ਮਾਨਯੋਗ ਹਾਈ ਕੋਰਟ ਵੱਲੋਂ ਰਿਟ ਪਟੀਸ਼ਨ ਨੰ. 17967 ਆਫ 2022 ਵਿੱਚ ਕੀਤੇ ਹੁਕਮ ਮਿਤੀ 17.08.2022 ਦੀ ਰੌਸ਼ਨੀ ਵਿੱਚ ਅਤੇ ਭਵਿੱਖ ਵਿੱਚ ਜੋ ਫੈਸਲਾ ਸੁਣਾਇਆ ਜਾਵੇਗਾ, ਉਹ ਸਕੂਲ ਨੂੰ ਇਤਰਾਜਹੀਣਤਾ ਸਰਟੀਫਿਕੇਟ ਮਿਲਣ ਦੀ ਮਿਤੀ ਤੋਂ ਲਾਗੂ ਹੋਵੇਗਾ।

Scanned with CamScanner

4. ਉਪਰੋਕਤ ਦਰਸਾਈਆਂ ਸ਼ਰਤਾਂ ਦੀ ਉਲੰਘਣਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਰੱਦ ਕਰ ਦਿੱਤਾ ਜਾਵੇਗਾ।

ਉਪ ਸਕੱਤਰ, ਸਕੂਲ ਸਿੱਖਿਆ

ਪਿੱ:ਅੰ:ਨੰ. SED-EDU303/18/2025-3EDU3 I/1018965/2025/1-3 ਮਿਤੀ ,ਚੰਡੀਗੜ੍ਹ 27.01.2025

ਉਪਰਕੋਤ ਦਾ ਇਕ ਉਤਾਰਾ ਹੇਠ ਲਿੱਖਿਆ ਨੂੰ ਲੋੜੀਂਦੀ ਕਾਰਵਾਈ ਹਿਤ ਭੇਜਿਆ ਜਾਂਦਾ ਹੈ:

1. ਡਾਇਰੈਕਟਰ ਸਕੂਲ ਸਿੱਖਿਆ (ਸੈਕੰਡਰੀ), ਪੰਜਾਬ, ਮੋਹਾਲੀ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਵਿਸ਼ਾ ਅੰਕਿਤ ਸਕੂਲ ਦਾ ਨਿਯਮਤ ਨਿਰੀਖਣ ਹਰ ਹਾਲਤ ਵਿੱਚ ਕਰਵਾਇਆ ਜਾਵੇ ਅਤੇ ਨਿਰੀਖਣ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ।
2. ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.), ਸੰਗਰੂਰ।
3. ਇੰਚਾਰਜ਼, ਮੈਨੇਜਮੈਂਟ ਇੰਨਫਾਰਮੇਸ਼ਨ ਸਿਸਟਮ (ਐਮ.ਆਈ.ਐਸ) ਨੂੰ ਪੋਰਟਲ ਤੇ ਕੇਸ ਦਾ ਸਟੇਟਸ ਅਪਡੇਟ ਕਰਨ ਸਬੰਧੀ ਲਿਖਿਆ ਜਾਂਦਾ ਹੈ।

ਉਪ ਸਕੱਤਰ, ਸਕੂਲ ਸਿੱਖਿਆ

Principal
Lord Shiva Public Sec. Sec. School
Hamirgarh (Sangrur)

Chairman
Lord Shiva Public Sr. Sec. School
Moonak (Sangrur)

Scanned with CamScanner

**ਪੰਜਾਬ ਸਰਕਾਰ**
**ਸਿੱਖਿਆ ਵਿਭਾਗ**
**(ਸਿੱਖਿਆ-3 ਸ਼ਾਖਾ)**

ਨੰ SED-EDU303/18/2025-3EDU3 I/1018967/2025 **ਮਿਤੀ, ਚੰਡੀਗੜ੍ਹ:** 27.01.2025

1. ਸਿੱਖਿਆ ਵਿਭਾਗ ਦੀਆਂ ਹਦਾਇਤਾਂ ਮਿਤੀ 26.11.2018 ਦੇ ਪੈਰ੍ਹਾ 3 ਅਤੇ 5 ਅਤੇ ਹਦਾਇਤਾਂ ਮਿਤੀ 11.02.2019 ਦੇ ਸਨਮੁੱਖ **Lord Shiva Public Senior Secondary School,**ਨੂੰ ਬਾਰਵੀਂ ਪੱਧਰ ਤੱਕ ਦੀ ਮਾਨਤਾ ਦਿੱਤੀ ਜਾਂਦੀ ਹੈ।

2. ਇਹ ਮਾਨਤਾ ਸਕੂਲ ਵੱਲੋਂ ਐਨ.ਓ.ਸੀ. ਲਈ ਪੇਸ਼ ਕੀਤੇ ਗਏ ਦਸਤਾਵੇਜਾਂ, ਜਿਲ੍ਹਾ ਪੱਧਰੀ ਕਮੇਟੀ ਦੀ ਨਿਰੀਖਣ ਰਿਪੋਰਟ, ਜਿਲ੍ਹਾ ਸਿੱਖਿਆ ਅਫਸਰ (ਸੈ:ਸਿ), ਸੰਗਰੂਰ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਮੋਹਾਲੀ ਦੀ ਸਿਫਾਰਸ਼ਾਂ ਸਨਮੁੱਖ ਦਿੱਤੀ ਗਈ ਹੈ।

3. ਸਕੂਲ ਇਤਰਾਜਹੀਣਤਾ ਸਰਟੀਫਿਕੇਟ ਨੰ SED-EDU303/18/2025-3EDU3 I/1018965/2025 ਮਿਤੀ 27.01.2025ਵਿੱਚ ਦਰਜ ਸ਼ਰਤਾਂ ਅਤੇ ਸਕੂਲ ਸਿੱਖਿਆ ਵਿਭਾਗ, ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਹਦਾਇਤਾਂ ਦੀ ਪਾਲਣਾ ਕਰਨ ਦਾ ਪਾਬੰਦ ਹੋਵੇਗਾ। ਜੇਕਰ ਸਕੂਲ ਦਾ ਇਤਰਾਜਹੀਣਤਾ ਸਰਟੀਫਿਕੇਟ ਰੱਦ ਕੀਤਾ ਜਾਂਦਾ ਹੈ ਤਾਂ ਮਾਨਤਾ ਰੱਦ ਸਮਝੀ ਜਾਵੇਗੀ।

**ਉਪ ਸਕੱਤਰ, ਸਕੂਲ ਸਿੱਖਿਆ**

**ਪਿ.ਅੰ.ਨੰ.**SED-EDU303/18/2025-3EDU3 I/1018967/2025/1-4 **ਮਿਤੀ,ਚੰਡੀਗੜ੍ਹ** 27.01.2025

ਉਪਰਕੋਤ ਦਾ ਇਕ ਉਤਾਰਾ ਹੇਠ ਲਿੱਖਿਆ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿਤ ਭੇਜਿਆ ਜਾਂਦਾ ਹੈ:

1. ਪ੍ਰਿੰਸੀਪਲ, **Lord Shiva Public Senior Secondary School, Village Hamirgarh, Distt Sangrur.**
2. ਡਾਇਰੈਕਟਰ ਸਕੂਲ ਸਿੱਖਿਆ (ਸੈਕੰਡਰੀ) ਪੰਜਾਬ, ਮੋਹਾਲੀ।
3. ਜਿਲ੍ਹਾ ਸਿੱਖਿਆ ਅਫਸਰ (ਸੈ.ਸਿ), ਜਿਲ੍ਹਾ ਸੰਗਰੂਰ।
4. ਇੰਚਾਰਜ਼, ਮੈਨੇਜਮੈਂਟ ਇੰਨਫਾਰਮੇਸ਼ਨ ਸਿਸਟਮ (ਐਮ.ਆਈ.ਐਸ)।

**ਉਪ ਸਕੱਤਰ, ਸਕੂਲ ਸਿੱਖਿਆ**

Chairman
Lord Shiva Public Sr. Sec. School
[illegible] (Sangrur)

Principal
Lord Shiva Public Sec. Sec. School
Hamirgarh (Sangrur)

Scanned with CamScanner